**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰੋਹੀਤ ਅਗਰਵਾਲ, ਸ੍ਰੀ ਰੋਹੀਤ ਸਭਰਵਾਲ,
ਪ੍ਰਧਾਨ, ਕੁੰਦਨ ਭਵਨ 126 ਮੋਡਲ ਗਰਾਂਮ, ਲੁਧਿਆਣਾ। ----ਅਪੀਲਕਰਤਾ

ਲੋਕ ਸੂਚਨਾ ਅਫਸਰ
ਦਫਤਰ ਐਮ.ਸੀ. ਜੋਨ ਏ (ਹੈਡ ਕੁਆਰਟਰ)
ਮਾਤਾ ਰਾਣੀ ਚੌਕ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਐਮ.ਸੀ. ਲੁਧਿਆਣਾ। -----ਉੱਤਰਦਾਤਾ

**ਅਪੀਲ ਕੇਸ ਨੰ:3794 ਆਫ 2019**

**ਹਾਜ਼ਰ**

1) ਅਪੀਲਕਰਤਾ ਵਲੋਂ ਮੈਡਮ ਸੁਖਜਿੰਦਰ ਕੋਰ, ਐਡਵੋਕੇਟ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੁਨੀਲ ਪਾਂਡੇ, ਕੰਸਲਟੈਂਟ (8376901873) ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਐਮ.ਸੀ. ਜੋਨ ਏ (ਹੈਡ ਕੁਆਰਟਰ) ਮਾਤਾ ਰਾਣੀ ਚੌਕ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਐਮ.ਸੀ. ਤੋਂ ਗੱਲੀਆਂ ਵਿਚ ਐਲ.ਈ.ਡੀ. ਲਾਈਟਾਂ ਲਗਾਉਣ ਦੇ ਕੰਟਰੈਕਟ ਦੀਆਂ ਕਾਪੀਆਂ ਮੰਗੀਆਂ ਗਈਆਂ ਹਨ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-8-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਮੈਡਮ ਸੁਖਜਿੰਦਰ ਕੋਰ, ਐਡਵੋਕੇਟ ਹਾਜ਼ਰ ਹੋਏ, ਉਨ੍ਹਾਂ ਵਲੋਂ ਅਥਾਰਟੀ ਲੈਟਰ ਪੇਸ਼ ਕੀਤਾ ਗਿਆ ਜੋ ਮਿਸਲ ਤੇ ਰੱਖ ਲਿਆ ਗਿਆ ਹੈ। ਉਸ ਵਲੋਂ ਦਸਿਆ ਗਿਆ ਕਿ ਮੰਗੀ ਗਈ ਸੂਚਨਾ ਅਜੇ ਤੱਕ ਮੁਹੱਈਆ ਨਹੀਂ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੁਨੀਲ ਪਾਂਡੇ, ਕੰਸਲਟੈਂਟ ਹਾਜ਼ਰ ਹੋਇਆ, ਉਸ ਵਲੋਂ ਅਥਾਰਟੀ ਲੈਟਰ ਪੇਸ਼ ਕੀਤਾ ਗਿਆ ਜੋ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵਲੋਂ ਪੱਤਰ ਨੰ: 1132/ਐਲ.ਐਸ.ਸੀ.ਐਲ. ਮਿਤੀ 06-01-2020 ਪੇਸ਼ ਕੀਤਾ ਗਿਆ ਅਤੇ ਦਸਿਆ ਗਿਆ ਕਿ ਉਹ ਲੋੜੀਂਦੀ ਸੂਚਨਾ ਲੈ ਕੇ ਆਇਆ ਹੈ ਪਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਦੇ ਨੁਮਾਇੰਦੇ ਵਲੋਂ ਪੇਸ਼ ਕੀਤੇ ਗਏ ਉਕੱਤ ਪੱਤਰ ਮਿਤੀ 06-01-2020 ਦਸਤਾਵੇਜ਼ਾਂ ਸਹਿਤ ਜਿਸ ਦੇ ਕੁਲ 925 ਪੰਨਾ ( ਮਿਸਲ 1 ਪੰਨਾ 1 ਤੋਂ 220 ਅਤੇ ਮਿਸਲ 2 ਪੰਨਾ 1 ਤੋਂ 705) ਪੇਸ਼ੀ ਦੋਰਾਨ ਕਮਿਸ਼ਨ ਦੇ ਸਾਹਮਣੇ ਅਪੀਲਕਰਤਾ ਦੇ ਨੁਮਾਇੰਦੇ ਮੈਡਮ ਸੁਖਜਿੰਦਰ ਕੋਰ, ਐਡਵੋਕੇਟ ਨੂੰ ਦਸਤੀ ਦੇ ਦਿੱਤੇ ਗਏ। ਕਮਿਸ਼ਨ ਉੱਤਰਦਾਤਾ ਵਲੋਂ ਦਿੱਤੀ ਗਈ ਜਾਣਕਾਰੀ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਤਰ੍ਹਾਂ ਕਮਿਸ਼ਨ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਤੋ ਸੰਤੁਸ਼ਟ ਹੈ, ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 07 ਜਨਵਰੀ, 2020.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰੋਹੀਤ ਅਗਰਵਾਲ, ਸ੍ਰੀ ਰੋਹੀਤ ਸਭਰਵਾਲ,
ਪ੍ਰਧਾਨ, ਕੁੰਦਨ ਭਵਨ 126 ਮੋਡਲ ਗਰਾਂਮ, ਲੁਧਿਆਣਾ। ----ਅਪੀਲਕਰਤਾ

ਲੋਕ ਸੂਚਨਾ ਅਫਸਰ
ਦਫਤਰ ਐਮ.ਸੀ. ਜੋਨ ਏ (ਹੈਡ ਕੁਆਰਟਰ)
ਮਾਤਾ ਰਾਣੀ ਚੌਕ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਐਮ.ਸੀ. ਲੁਧਿਆਣਾ। -----ਉੱਤਰਦਾਤਾ

**ਅਪੀਲ ਕੇਸ ਨੰ:3795 ਆਫ 2019**

**ਹਾਜ਼ਰ**

1) ਅਪੀਲਕਰਤਾ ਵਲੋਂ ਮੈਡਮ ਸੁਖਜਿੰਦਰ ਕੋਰ, ਐਡਵੋਕੇਟ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 16-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਐਮ.ਸੀ. ਜੋਨ ਏ (ਹੈਡ ਕੁਆਰਟਰ) ਮਾਤਾ ਰਾਣੀ ਚੌਕ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਐਮ.ਸੀ. ਨੂੰ ਲਿਖੇ ਪੱਤਰ ਨੰ: 35 ਮਿਤੀ 14-06-2019 ਸਬੰਧੀ ਐਕਸਨ ਰਿਪੋਰਟ ਦੀ ਕਾਪੀ ਮੰਗੀ ਗਈ ਹੈ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-8-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਮੈਡਮ ਸੁਖਜਿੰਦਰ ਕੋਰ, ਐਡਵੋਕੇਟ ਹਾਜ਼ਰ ਹੋਏ, ਉਨ੍ਹਾਂ ਵਲੋਂ ਅਥਾਰਟੀ ਲੈਟਰ ਪੇਸ਼ ਕੀਤਾ ਗਿਆ ਜ਼ੋ ਮਿਸਲ ਤੇ ਰੱਖ ਲਿਆ ਗਿਆ ਹੈ। ਉਸ ਵਲੋਂ ਦਸਿਆ ਗਿਆ ਕਿ ਮੰਗੀ ਗਈ ਸੂਚਨਾ ਅਜੇ ਤੱਕ ਮੁਹੱਈਆ ਨਹੀਂ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਜਾਣਕਾਰੀ ਪ੍ਰਾਪਤ ਹੋਈ।

4. ਅਪੀਲਕਰਤਾ ਦਾ ਨੁਮਾਇੰਦਾ ਹਾਜ਼ਰ ਹੋਇਆ ਪਰ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉਤਰਦਾਤਾ (ਲੋਕ ਸੂਚਨਾ ਅਧਿਕਾਰੀ ) ਕਿਉਂ ਹਾਜ਼ਰ ਨਹੀਂ ਹੋਇਆ, 15 ਦਿਨਾਂ ਦੇ ਅੰਦਰ ਅੰਦਰ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ /ਜਾਣਕਾਰੀ ਭੇਜੀ ਜਾਵੇ ਅਤੇ ਸਪਸਟ ਕੀਤਾ ਜਾਵੇ ਕਿ ਉਹ ਪੇਸ਼ੀ ਤੇ ਹਾਜ਼ਰ ਕਿਉ ਨਹੀਂ ਹੋਇਆ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 03-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 07 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰਾਜ ਕੁਮਾਰ,
ਡਾਕਟਰ ਅੰਵੇਦਕਰ ਯੂਨੀਅਨ ਮਿਸ਼ਨ ਪੰਜਾਬ (ਰਜਿ:)
ਹੈਡ ਆਫਿਸ ਐਮ.ਸੀ.ਬੈਕਸਾਇਡ ਕਾਰ ਪਾਰਕਿੰਗ, ਲੁਧਿਆਣਾ। ----------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਐਮ.ਸੀ.ਲੁਧਿਆਣਾ। ---------ਉੱਤਰਦਾਤਾ

ਪਹਿਲੀ ਅਪੀਲੀ ਅਥਾਰਟੀ,
ਦਫਤਰ ਐਮ.ਸੀ.ਲੁਧਿਆਣਾ।

**ਅਪੀਲ ਕੇਸ ਨੰ: 3801 ਆਫ 2019**

**ਹਾਜ਼ਰ**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-06-2019 , ਲੋਕ ਸੂਚਨਾ ਅਧਿਕਾਰੀ ਦਫਤਰ ਐਮ.ਸੀ.ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਨਿਗਮ ਵਿਚ ਲੰਬੜਦਾਰਾਂ (ਸੈਨੇਟਰੀ ਸੁਪਰਵਾਇਜ਼ਰ) ਨਾਲ ਸਬੰਧਤ 02 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ, ਪਰ ਉਨ੍ਹਾਂ ਵਲੋਂ ਈ.ਮੇਲ ਮਿਤੀ 06-01-2020 ਰਾਹੀਂ ਦਸਿਆ ਗਿਆ ਕਿ ਇਸ ਅਪੀਲ ਕੇਸ ਵਿਚ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ ਅਤੇ ਉਸ ਵਲੋਂ ਲਿਖਤੀ ਰੂਪ ਵਿਚ ਪ੍ਰਾਪਤ ਹੋਈ ਸੂਚਨਾ ਤੇ ਸਤੁੰਸਟੀ ਪ੍ਰਗਟ ਕੀਤੀ ਗਈ ਹੈ। ਪਤਰ ਈ.ਮੇਲ. ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਵਲੋਂ ਪ੍ਰਾਪਤ ਈ.ਮੇਲ. ਮਿਤੀ 06-01-2020 ਅਤੇ ਉਸ ਨਾਲ ਪੱਤਰ ਨੰ: 71/1104/ ਆਰ.ਟੀ.ਆਈ. ਮਿਤੀ 6-01-2020 ਅਨੁਸਾਰ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜ਼ ਦਿੱਤੀ ਗਈ ਹੈ ਅਤੇ ਅਪੀਲਕਰਤਾ ਵਲੋਂ ਸੰਤੁਸ਼ਟੀ ਪਰਗਟ ਕਰਦੇ ਹੋਏ ਲਿਖਿਆ ਗਿਆ ਹੈ 'ਮੈ ਜਾਣਕਾਰੀ ਤੋਂ ਸੰਤੁਸ਼ਟ ਹਾਂ। ਤੇ ਕੇਸ ਨੂੰ ਬੰਦ ਕਿਤਾ ਜਾਵੇ ਜੀ।' ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀ਼। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 07 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਨਜਿੰਦਰ ਸਿੰਘ 9872015069
2469, ਸੰਨੀ ਅਨਕਲੇਵ, ਸੈਕਟਰ 125,
ਖਰੜ, ਜਿਲਾ ਮੋਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3817 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਿੰਦਰ ਸਿੰਘ, ਡਾਟਾ ਐਂਟਰੀ ਓਪਰੇਟਰ (7009580096) ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਜਲੰਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਮਰਸਿਅਲ ਨਾਲ ਕਮਰਸ਼ਿਅਲ ਵਾਹਣਾ ਲਈ ਜ਼ਾਰੀ ਕੀਤੇ ਗਏ ਡਰਾਇਵਿੰਗ ਲਾਇਸੰਸਾਂ ਨਾਲ ਸਬੰਧਤ 04 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਿੰਦਰ ਸਿੰਘ, ਡਾਟਾ ਐਂਟਰੀ ਓਪਰੇਟ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 102/ਆਰ.ਟੀ.ਏ./ਜਲਧਰ ਮਿਤੀ 06-01-2020 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ, ਮਿਸਲ ਤੇ ਰੱਖ ਲਿਆ ਗਿਆ ।

4. ਉੱਤਰਦਾਤਾ ਦੇ ਨੁਮਾਇੰਦੇ ਵਲੋਂ ਪੇਸ਼ ਕੀਤੇ ਗਏ ਉਕਤ ਪੱਤਰ ਮਿਤੀ 6-01-2020 ਵਿਚ ਦਸਿਆ ਗਿਆ ਕਿ ਅਪੀਲਕਰਤਾ ਨੂੰ ਪੱਤਰ ਨੰਬਰ 5661/ਆਰ.ਟੀ.ਏ./ਜਲੰਧਰ ਮਿਤੀ 29-07-2019 ਅਤੇ ਦੁਬਾਰਾ ਫਿਰ ਫਸਟ ਅਪੀਲੈਟ ਅਥਾਰਟੀ ਅਧੀਨ ਅਪੀਲ ਨੰਬਰ 439 ਆਫ 2019 ਦੋਰਾਨ ਪੱਤਰ ਨੰ: 7265/ਆਰ.ਟੀ.ਏ./ਜਲੰਧਰ ਮਿਤੀ 17-09-2019 ਰਾਹੀਂ ਭੇਜੀ ਜਾ ਚੁੱਕੀ ਹੈ। ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਪੇਸ਼ੀ ਦੋਰਾਨ ਕਮਿਸ਼ਨ ਦੀ ਹਾਜ਼ਰੀ ਵਿਚ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ। ਕਮਿਸਨ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਤੋਂ ਸੰਤੁਸਟ ਹੈ, ਇਸ ਲਈ ਇਸ ਕੇਸ ਵਿਚ ਹੋਰ ਕਾਰਵਾਈ ਦੀ ਲੋੜ ਨਹੀਂ। ਇਸ ਲਈ ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 07 ਜਨਵਰੀ, 2020.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਨਜਿੰਦਰ ਸਿੰਘ 9872015069
2469, ਸੰਨੀ ਅਨਕਲੇਵ, ਸੈਕਟਰ 125,
ਖਰੜ, ਜਿਲਾ ਮੋਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ।

ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3818 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਪ੍ਰੀਤ ਸਿੰਘ, ਐਡਵੋਕੇਟ ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਮਰਸਿਅਲ ਨਾਲ ਕਮਰਸ਼ਿਅਲ ਵਾਹਨਾ ਲਈ ਜ਼ਾਰੀ ਕੀਤੇ ਗਏ ਡਰਾਇਵਿੰਗ ਲਾਇਸੰਸਾਂ ਨਾਲ ਸਬੰਧਤ 04 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਪ੍ਰੀਤ ਸਿੰਘ, ਐਡਵੋਕੇਟ ਹਾਜ਼ਰ ਹੋਇਆ, ਉਸ ਵਲੋਂ ਅਥਾਰਟੀ ਲੈਟਰ ਪੇਸ਼ ਕੀਤਾ ਗਿਆ ਜਿਸ ਲੋਕ ਸੂਚਨਾ ਅਧਿਕਾਰੀ ਵਲੋਂ ਅਸਲ ਹਸਤਾਖਰ ਨਹੀਂ ਬਲਕਿ ਫੋਟੋ ਕਾਪੀ/ਪ੍ਰਫਾਰਮਾ ਹੈ। ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਤੋਂ ਇਲਾਵਾ ਉੱਤਰਦਾਤਾ ਵਲੋਂ ਈ.ਮੇਲ. ਰਾਹੀ ਪੱਤਰ ਨੰ: 4277 ਮਿਤੀ 6-1-2020 ਪ੍ਰਾਪਤ ਹੋਇਆ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਨੇ ਕਿਹਾ ਕਿ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।ਉੱਤਰਦਾਤਾ ਵਲੋਂ ਇਸ ਸਬੰਧ ਵਿਚ ਜ਼ੋ ਈ.ਮੇਲ ਪੱਤਰ ਨੰ: 4277 ਮਿਤੀ 6-1-2020 ਪ੍ਰਾਪਤ ਹੋਇਆ ਹੈ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਮਿਸਲ ਤੇ ਉਪਲਬਧ ਹੈ। ਇਸ ਪੱਤਰ ਰਾਹੀਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਮਿਤੀ 7-8-2019 ਰਾਹੀਂ ਸੂਚਨਾ ਭੇਜ਼ ਚੁੱਕੇ ਹਾਂ, ਇਸ ਦੇ ਨਾਲ ਹੀ ਦਸਿਆ ਗਿਆ ਕਿ ਮੰਗੀ ਗਈ ਸੂਚਨਾ ਪ੍ਰਸ਼ਨਵਾਚਕ ਅਤੇ ਕ੍ਰੀਏਟ ਕਰਨ ਵਾਲੀ ਹੈ। ਅਪੀਲਕਰਤਾ ਨੂੰ ਕਿਹਾ ਗਿਆ ਹੈ ਕਿ ਉਸਨੂੰ ਕੋਈ ਸਪੈਸਿਫਿਕ ਸੂਚਨਾ ਚਾਹੀਦੀ ਹੈ ਤਾਂ ਉਹ ਦਫਤਰ ਅਗੇਤੀ ਸੂਚਨਾ ਦੇ ਕੇ ਰਿਕਾਰਡ ਦੀ ਐਕਟ ਮੁਤਾਬਿਕ ਇੰਨਸਪੈਕਸ਼ਨ ਕਰ ਸਕਦਾ ਹੈ। ਉੱਤਰਦਾਤਾ ਵਲੋਂ ਪੇਸ਼ ਨੁਮਾਇੰਦੇ ਨੂ ਮੰਨਿਆ ਨਹੀਂ ਜਾ ਸਕਦਾ ਕਿਉਂਕਿ ਉਸ ਕੋਲ ਵਕਾਲਤਨਾਮਾ ਨਹੀਂ ਹੈ, ਸਧਾਰਨ ਪੱਤਰ ਹੈ ਜਿਸ ਤੇ ਕਿਸੇ ਅਧਿਕਾਰੀ ਦਾ ਫੋਨ ਨੰਬਰ ਅਤੇ ਪੂਰਾ ਵੇਰਵਾ ਨਹੀਂ। ਇਸ ਤਰ੍ਹਾਂ ਦਫਤਰ ਵਲੋਂ ਬਾਹਰਲੇ ਬੰਦੇ ਨੂੰ ਨਿਯੁਕਤ ਨਹੀਂ ਕੀਤਾ ਜਾ ਸਕਦਾ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ੍ਰੀ ਭੁਪਿੰਦਰ ਸਿੰਘ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਅਗਲੀ ਪੇਸ਼ੀ ਤੇ ਆਪ ਹਾਜ਼ਰ ਹੋਣ ਅਤੇ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ/ਜਾਣਕਾਰੀ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 05-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 07 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਨਜਿੰਦਰ ਸਿੰਘ 9872015069
2469, ਸੰਨੀ ਅਨਕਲੇਵ, ਸੈਕਟਰ 125,
ਖਰੜ, ਜਿਲਾ ਮੋਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ,
ਕਮ-ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3819 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019 , ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਮਰਸਿਅਲ ਨਾਲ ਕਮਰਸ਼ਿਅਲ ਵਾਹਣਾ ਲਈ ਲਏ ਗਏ ਡਰਾਇਵ ਟੈਸਟ ਅਤੇ ਜ਼ਾਰੀ ਕੀਤੇ ਗਏ ਡਰਾਇਵਿੰਗ ਲਾਇਸੰਸਾਂ ਨਾਲ ਸਬੰਧਤ 04 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀ਼ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ ਵਲੋਂ ਅੱਜ ਪੇਸ਼ੀ ਤੇ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਗਈ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 05-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 07 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਹੀਰਾ ਲਾਲ ਪੁੱਤਰ ਨੀਲੂਰਾਮ 9464725664
ਵਾਸੀ ਪਿੰਡ ਫਿੱਡੇ ਖੁਰਦ ਤਹਿਸੀਲ ਕੋਟਕਪੂਰਾ ਜਿਲਾ ਫਰੀਦਕੋਟ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ
ਬੰਦਾ ਬਹਾਦੁਰ ਕਾਲਿਜ ਆਫ ਐਜੂਕੇਸ਼ਨ ਫਰੀਦਕੋਟ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 842 /2019**

**ਹਾਜ਼ਰ:-**

1) ਅਪੀਲਕਰਤਾ ਹੀਰਾ ਲਾਲ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਕੋਈ ਨਹੀਂ।

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 31-07-2019, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ ਬੰਦਾ ਬਹਾਦੁਰ ਕਾਲਿਜ ਆਫ ਐਜੂਕੇਸ਼ਨ ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੂਜਾ ਦੇਵੀ ਪੁੱਤਰੀ ਸ੍ਰੀ ਛੋਟੂ ਰਾਮ ਵਾਸੀ ਪਿੰਡ ਫਿੱਡੇ ਖੁਰਦ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਹੈ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-09-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-10-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਪੁਨੀਤ, ਸਹਾਇਕ ਪ੍ਰੋਫੈਸਰ ਹਾਜ਼ਰ ਹੋਇਆ। ਉਸ ਵਲੋਂ ਲੋਕ ਸੂਚਨਾ ਅਧਿਕਾਰੀ ਵਲੋਂ ਦਿੱਤਾ ਗਿਆ ਉੱਤਰ ਮਿਤੀ 29-10-2019 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਸੀ। ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 19-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 19-11-2019 ਨੂੰ ਪੇਸ਼ੀ ਤੇ ਸ਼ਿਕਾਇਤਕਰਤਾ ਹੀਰਾ ਲਾਲ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅੱਜ ਦੀ ਤਾਰੀਖ ਉੱਤਰਦਾਤਾ ਵਲੋਂ ਜਵਾਬ ਲਈ ਪਾਈ ਗਈ ਸੀ, ਪਰ ਉਸਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਕੋਈ ਹਾਜ਼ਰ ਨਹ੍ਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਸੀ। ਪਿਛਲੀ ਮਿਤੀ ਤੇ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ /ਜਵਾਬ ਸਿੱਧੇ ਤੌਰ ਤੇ ਰਜਿਸਟਰਡ ਪੱਤਰ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਪਰ ਸ਼ਿਕਾਇਤਕਰਤਾ ਨੂੰ ਅਜੇ ਤੱਕ ਕੋਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਸ੍ਰੀ ਪੁਨਿਤ ਸਹਾਇਕ ਪ੍ਰੋਫੈਸਰ ਨੂੰ ਸਖਤ ਹਦਾਇਤ ਕੀਤੀ ਗਈ ਸੀ ਕਿ ਰਸੀਟ ਸਹਿਤ ਦਸਿਆ ਜਾਵੇ ਕਿ ਸ਼ਿਕਾਇਤਕਰਤਾ ਨੂੰ ਜਾਣਕਾਰੀ ਕਦੋਂ ਭੇਜੀ ਗਈ । ਇਸ ਦੇ ਨਾਲ ਹੀ ਸਪਸ਼ਟੀਕਰਨ ਦਿਤਾ ਜਾਵੇ ਕਿ ਪੇਸ਼ੀ ਤੇ ਹਾਜ਼ਰ ਕਿਉਂ ਨਹੀਂ ਹੋਏ। ਉੱਤਰਦਾਤਾ ਪਾਸੋਂ ਸ਼ਿਕਾਇਤਕਰਤਾ ਨੂੰ ਜਾਣਕਾਰੀ ਪ੍ਰਾਪਤ ਹੋਣ ਉਪਰੰਤ ਜੇਕਰ ਅਪੀਲਕਰਤਾ ਵਲੋਂ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਉਹ ਸਿੱਧੇ ਤੋਰ ਤੇ ਉੱਤਰਦਾਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜੀ ਜਾਵੇ ਅਤੇ ਓੱਤਰਦਾਤਾ ਨੂੰ ਵੀ ਹਦਾਇਤ ਕੀਤੀ ਗਈ ਸੀ ਕਿ ਉਹ ਅਗਲੀ ਪੇਸ਼ੀ ਤੋਂ ਪਹਿਲਾਂ ਪਹਿਲਾਂ ਪਾਈਆਂ ਗਈਆਂ ਤਰੁੱਟੀਆਂ ਦੂਰ ਕਰਕੇ ਕਮਿਸ਼ਨ ਨੂੰ ਸੂਚਿਤ ਕਰੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 07-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ੍ਰੀ ਹੀਰਾ ਲਾਲ ਅੱਜ ਪੇਸ਼ੀ ਤੇ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ।

4. ਉੱਤਰਦਾਤਾ ( ਲੋਕ ਸੂਚਨਾ ਅਫਸਰ ) ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

5. ਅਪੀਲ ਕਰਤਾ ਵਲੋਂ ਦਿੱਤੀ ਗਈ ਦਲੀਲ ਕਿ ਉਸ ਵਲੋਂ ਸ੍ਰੀ ਪੂਜਾ ਦੇਵੀ ਪੁੱਤਰੀ ਸ੍ਰੀ ਛੋਟੂ ਰਾਮ ਵਾਸੀ ਫਿੱਡੇ ਖੁਰਦ ਵਲੋਂ ਈ.ਟੀ.ਟੀ. ਸੰਨ 2015, 2016, 2017 ਤੱਕ ਜੋ ਵੀ ਵਜੀਫਾ ਪ੍ਰਾਪਤ ਕੀਤਾ ਹੈ ਦੀ ਤਸਦੀਕ ਸੁਦਾ ਕਾਪੀ ਅਤੇ ਪਿਤਾ ਵਲੋਂ ਇੰਨਕਮ ਸਬੰਧੀ ਦਿਤੇ ਗਏ ਇੰਨਕਮ ਦੇ ਸਰਟੀਫਿਕੇਟ ਦੀ ਕਾਪੀ ਅਤੇ ਦਾਖਲਾ ਫਾਰਮ ਦੀ ਕਾਪੀ ਦਿੱਤੀ ਜਾਵੇ।

ਪਰਤੋ ਜੀ ------ਚਲਦਾ ਪੰਨਾ 2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ: 842 /2019**

ਉੱਤਰਦਾਤਾ ਵਲੋਂ ਪ੍ਰਾਪਤ ਪੱਤਰ ਮਿਤੀ 29-10-2019 ਜੋ ਮਿਸਲ ਤੇ ਉਪਲਭਧ ਹੈ ਨੂੰ ਘੋਖਿਆ ਗਿਆ , ਜਿਸ ਰਾਹੀਂ ਉਨ੍ਹਾਂ ਵਲੋਂ ਦਸਿਆ ਗਿਆ ਕਿ ਉਨ੍ਹਾਂ ਦਾ ਕਾਲਜ ਪ੍ਰਾਈਵੇਟ ਸੰਸਥਾ ਹੈ ਅਤੇ ਆਪਣੇ ਫੰਡਾਂ ਨਾਲ ਚਲਦਾ ਹੈ,ਰਾਜ ਜਾਂ ਕੇਂਦਰ ਤੋਂ ਕੋਈ ਫੰਡ ਪ੍ਰਾਪਤ ਨਹੀਂ ਹੁੰਦੇ। ਇਸ ਲਈ ਉਨ੍ਹਾਂ ਦੀ ਸੰਸਥਾ ਆਰ.ਟੀ.ਆਈ. ਦੇ ਅਧਿਕਾਰ ਖੇਤਰ ਵਿਚ ਨਹੀਂ ਆਉਂਦਾ। ਅਪੀਲਕਰਤਾ ਵਲੋਂ ਇਸ ਸਬੰਧ ਵਿਚ ਦਿੱਤੀਆਂ ਗਈਆਂ ਦਲੀਲਾਂ ਅਤੇ ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਉੱਤਰ ਤੋਂ ਸਪਸ਼ਟ ਹੈ ਕਿ ਅਪੀਲਕਰਤਾ ਵਲੋਂ ਮੰਗੀ ਗਈ ਜਾਣਕਾਰੀ ਤੀਜੀ ਧਿਰ ਨਾਲ ਸਬੰਧਤ ਹੈ ਅਤੇ ਉੱਤਰਦਾਤਾ ਅਨੁਸਾਰ ਉਨ੍ਹਾਂ ਦੀ ਸੰਸਥਾ ਆਰ.ਟੀ.ਆਈ. ਦੇ ਅਧਿਕਾਰ ਖੇਤਰ ਵਿਚ ਨਹੀਂ ਆਉਂਦੀ । ਅਪੀਲਕਰਤਾ ਵੀ ਇਹ ਸਾਬਤ ਨਹੀਂ ਕਰ ਸਕਿਆ ਕਿ ਇਸ ਸੰਸਥਾ ਨੂੰ ਰਾਜ ਜਾਂ ਕੇਂਦਰ ਸਰਕਾਰ ਤੋਂ ਕੋਈ ਫੰਡਜ਼ ਪ੍ਰਾਪਤ ਹੁੰਦੇ ਹਨ, ਇਸ ਲਈ ਇਸ ਕੇਸ ਵਿਚ ਸੂਚਨਾ ਨਹੀਂ ਦਿੱਤੀ ਜਾ ਸਕਦੀ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 07 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਉਜਾਗਰ ਸਿੰਘ, (98789-61815)
ਪੁੱਤਰ ਸ਼੍ਰੀ ਬੰਤ ਸਿੰਘ,ਵਾਸੀ ਗਲੀ ਨੰ:1,
ਮਾਨ ਕਲੋਨੀ ਡਾਬਾ (ਲੁਧਿਆਣਾ)। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,ਦਫਤਰ ਰਜਿਸਟਰਾਰ,
ਮਨੁੱਖੀ ਅਧਿਕਾਰ ਕਮਿਸ਼ਨ, ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,ਦਫ਼ਤਰ ਰਜਿਸਟਰਾਰ,
ਮਨੁੱਖੀ ਅਧਿਕਾਰ ਕਮਿਸ਼ਨ ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ: 460/2019**

**ਹਾਜ਼ਰ:-**

1) ਅਪੀਲਕਰਤਾ ਸ਼੍ਰੀ ਉਜਾਗਰ ਸਿੰਘ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵੱਲੋਂ ਸ਼੍ਰੀ ਤਰਸੇਮ ਸਿੰਘ, ਐਸ.ਸੀ. (9463202689)

**ਹੁੱਕਮ:**

ਪਿਛਲੀ ਪੇਸ਼ੀ ਦੀ ਮਿਤੀ, 19-11-2019 ਨੂੰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ ਰਾਹੀਂ ਸੂਚਿਤ ਕੀਤਾ ਗਿਆ ਸੀ ਕਿ ਉਹ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦਾ। ਇਸ ਦੇ ਨਾਲ ਹੀ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਸ਼੍ਰੀ ਪਵਨਦੇਵ ਸਿੰਘ, ਅਤੇ ਸ਼੍ਰੀ ਪਰਮਜੀਤ ਸਿੰਘ, ਏ.ਐਸ.ਆਈ. ਪੇਸ਼ੀ ਤੇ ਹਾਜ਼ਰ ਹੋਏ ਸਨ। ਉਨ੍ਹਾਂ ਵਲੋਂ ਲੋਕ ਸੂਚਨਾ ਅਫਸਰ ਦਾ ਪੱਤਰ ਨੰ: 460/2019 ਆਰ.ਟੀ.ਆਈ. ਮਿਤੀ 18-11-2019 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਸੀ। ਉੱਤਰਦਾਤਾ ਵਲੋਂ ਨੁਕਤਾਵਾਰ ਸੂਚਨਾ ਤਿਆਰ ਕੀਤੀ ਗਈ ਸੀ ਪਰ ਅਪੀਲਕਰਤਾ ਨੂੰ ਇਹ ਸੂਚਨਾ ਨਹੀ ਭੇਜੀ ਗਈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਇਹ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜੀ ਜਾਵੇ ਜਾਂ ਉਸ ਪਾਸੋਂ ਰਸੀਟ ਕਰਵਾ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਦੀਆਂ ਹਨ ਤਾਂ ਉਸ ਸਬੰਧੀ ਪੱਤਰ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਰਜਿਸਟਰਡ ਡਾਕ ਰਾਹੀਂ ਭੇਜਿਆ ਜਾਵੇ ਅਤੇ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੂਰ ਕਰਦੇ ਹੋਏ ਅਪੀਲਕਰਤਾ ਨੂੰ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਕਾਪੀ ਭੇਜੀ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 07-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ਼੍ਰੀ ਉਜਾਗਰ ਸਿੰਘ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਮੁਕੰਮਲ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਉਸ ਵਲੋਂ ਪੱਤਰ ਮਿਤੀ 07-12-2019 ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਪਹਿਲਾਂ ਹੀ ਪ੍ਰਾਪਤ ਹੋ ਚੁੱਕਾ ਹੈ, ਮਿਸਲ ਤੇ ਉਪਲਭੱਧ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵੱਲੋਂ ਸ਼੍ਰੀ ਤਰਸੇਮ ਸਿੰਘ, ਐਸ.ਸੀ. ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ।

4. ਅਪੀਲਕਰਤਾ ਵਲੋਂ ਕਿਹਾ ਗਿਆ ਕਿ ਉਸਨੂੰ ਮੰਗੀ ਗਈ ਮੁਕੰਮਲ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ, ਪਰ ਇਸ ਸਬੰਧੀ ਕੋਈ ਪੱਤਰ ਜਾਂ ਰਸੀਟ ਨਹੀਂ ਵਿਖਾ ਸਕਿਆ। ਇਸ ਲਈ ਉਸਨੂੰ ਸਮਝਾ ਦਿੱਤਾ ਗਿਆ ਕਿ ਅਪੀਲਕਰਤਾ ਨੂੰ ਪੱਤਰ ਲਿਖਿਆ ਜਾਵੇ ਜਿਸ ਵਿਚ ਮੰਗੀ ਗਈ ਸੂਚਨਾ ਦੇ ਸਬੰਧ ਵਿਚ ਹੁੱਣ ਤੱਕ ਹੋਈ ਕਾਰਵਾਈ ਬਾਰੇ ਦਸਤਾਵੇਜ਼ਾਂ ਸਹਿਤ ਨੁਕਤਾਵਾਰ ਵਿਸਥਾਰਪੂਰਵਕ ਜਾਣਕਾਰੀ ਮੁਹੱਈਆ ਕਰਵਾਉਂਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 04-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 07 ਜਨਵਰੀ, 2020.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੁਲਦੀਪ ਸਿੰਘ 9356211555
437 ਏ ਮੋਡਲ ਟਾਉਨ ਐਕਸਟੈਂਸ਼ਨ ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਮ.ਸੀ. ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ
ਐਮ.ਸੀ. ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 3633/2019**

**ਹਾਜ਼ਰ:-**

1) ਅਪੀਲਕਰਤਾ ਸ਼੍ਰੀ ਕੁਲਦੀਪ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019, ਲੋਕ ਸੂਚਨਾ ਅਧਿਕਾਰੀ, ਦਫਤਰ ਐਮ.ਸੀ. ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਨਿਗਮ ਲੁਧਿਆਣਾ ਵਿਚ ਤੈਨਾਤ ਸਟਾਫ ਨਾਲ ਸਬੰਧਤ 11 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਮਿਤੀ 13-11-2019 ਨੂੰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਉਸਨੂੰ ਲੜੀ ਨੰ: 1 ਦੀ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ ਅਤੇ ਲੜੀ ਨੰ: 2 ਤੋਂ 11 ਦਾ ਸਬੰਧ ਲੇਖਾ ਸ਼ਾਖਾ ਨਾਲ ਹੋਣ ਕਰਕੇ ਇਨ੍ਹਾਂ ਪੈਰਿਆ ਦਾ ਜੁਵਾਬ ਦੇਣ ਲਈ ਇਹ ਅਰਜੀ ਆਪਣੇ ਪੱਤਰ ਮਿਤੀ 29-07-2019 ਰਾਹੀਂ ਡੀ.ਸੀ.ਐਫ.ਏ. ਨਗਰ ਨਿਗਮ ਲੁਧਿਆਣਾ ਨੂੰ ਭੇਜ਼ ਦਿੱਤੀ ਗਈ ਹੈ। ਇਸ ਸਬੰਧ ਵਿਚ ਅਪੀਲਕਰਤਾ ਵਲੋਂ ਆਪਣਾ ਜਵਾਬ /ਸਪਸ਼ਟੀਕਰਨ ਪੇਸ਼ ਕੀਤਾ ਗਿਆ ਜ਼ੋ ਕਿ ਪੀ.ਆਈ.ਓ.-ਕਮ-ਅਮਲਾ ਸੁਪਰਡੰਟ ਨਗਰ ਨਿਗਮ, ਲੁਧਿਆਣਾ ਨੂੰ ਸੰਬੋਧਤ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾਂ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਅਪੀਲਕਰਤਾ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਨੂੰ ਘੋਖਣ ਤੇ ਪਾਇਆ ਗਿਆ ਕਿ ਅਪੀਲਕਰਤਾ ਨੂੰ ਉੱਤਰਦਾਤਾ ਲੇਖਾ ਸ਼ਾਖਾ ਪੀ.ਆਈ.ਓ. ਵਲੋਂ ਕਿਸੇ ਕਿਸਮ ਦੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਪੀ.ਆਈ.ਓ. ਨੂੰ ਹਦਾਇਤ ਕੀਤੀ ਗਈ ਸੀ ਕਿ ਲੇਖਾ ਸ਼ਾਖਾ ਨੂੰ ਜਾਣਕਾਰੀ ਦੇਣ ਲਈ ਰਿਮਾਇਂਡਰ ਦਿਤਾ ਜਾਵੇ ਅਤੇ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਜਾਣਕਾਰੀ ਦਿੱਤੀ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ਼੍ਰੀ ਕੁਲਦੀਪ ਸਿੰਘ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅੱਜੇ ਤੱਕ ਮੁਕੰਮਲ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਲੋਕ ਸੂਚਨਾ ਅਧਿਕਾਰੀ ਨੂੰ ਪੇਸ਼ੀ ਤੇ ਹਾਜ਼ਰ ਹੋਣਾ ਚਾਹੀਦਾ ਸੀ। ਇਸ ਲਈ ਮਿਉਂਸਪਲ ਕਮਿਸ਼ਨਰ, ਲੁਧਿਆਣਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਕੇਸ ਨੂੰ ਗੰਭੀਰਤਾ ਨਾਲ ਲੈ ਕੇ ਅਪੀਲਕਰਤਾ ਨੂੰ ਜਾਣਕਾਰੀ ਮੁਹੱਈਆ ਕਰਵਾਈ ਜਾਵੇ ਅਤੇ ਇਸ ਕੇਸ ਦਾ ਛੇਤੀ ਨਿਪਟਾਰਾ ਕੀਤਾ ਜਾਵੇ ਇਸ ਦੇ ਨਾਲ ਹੀ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਲਿਖਤੀ ਰੂਪ ਵਿਚ ਸਪਸ਼ਟੀਕਰਨ ਪੇਸ਼ ਕੀਤਾ ਜਾਵੇ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 05-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 07 ਜਨਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜੇਸ ਗੁਪਤਾ, (94639-90768)
ਮਕਾਨ ਨੰ:738, ਸੈਕਟਰ 41-ਏ, ਚੰਡੀਗੜ੍ਹ। ----------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ ਆਫ ਫਰਮਜ਼ ਅਤੇ ਸੋਸਾਇਟੀਜ਼,
ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਸੰਯੁਕਤ ਡਾਇਰੈਕਟਰ,ਉਦਯੋਗ ਵਿਭਾਗ, ਪੰਜਾਬ,ਚੰਡੀਗੜ੍ਹ। ----ਉੱਤਰਦਾਤਾ

**ਅਪੀਲ ਕੇਸ ਨੰ: 1832/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਰਜੀਤ ਸਿੰਘ, ਸੁਪਰਡੰਟ

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-02-2019, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ ਆਫ ਫਰਮਜ਼ ਅਤੇ ਸੋਸਾਇਟੀਜ਼, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਲਾਈਵਸਟੋਕ ਡਿਵੈਲਪਮੈਂਟ ਬੋਰਡ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਸਹੀ ਨਾ ਦੇਣ ਕਾਰਨ ਉਸ ਨੇ ਮਿਤੀ 25-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਇਸ ਉਪਰੰਤ ਮਿਤੀ 04-09-2019, 16-09-2019, 11-10-2019 ਨੂੰ ਕਾਰਵਾਈ ਉਪਰੰਤ ਇਹ ਕੇਸ ਅਗਲੀ ਸੁਣਵਾਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 13-11-2019 ਨੂੰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਦਲਬੀਰ ਸਿੰਘ, ਕਲਰਕ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਦੀ ਅਰਜੀ ਮੁਹਾਲੀ ਵਾਲੇ ਦਫਤਰ ਨੂੰ ਟਰਾਂਸਫਰ ਕਰ ਦਿੱਤੀ ਗਈ ਹੈ। ਇਸ ਕੇਸ ਵਿਚ ਮਿਤੀ 11-10-2019 ਨੂੰ ਦੋਨਾਂ ਧਿਰਾਂ ਦੀ ਸਹਿਮਤੀ ਬਣ ਗਈ ਸੀ ਕਿ ਰਜਿਸਟਰਸੇਨ ਨੰਬਰ ਅਤੇ ਸਾਲ ਬਾਰੇ ਅਪੀਲਕਰਤਾ ਮੇਲ ਅਤੇ ਰਜਿਸਟਰਡ ਪੋਸਟ ਰਾਹੀਂ ਸੂਚਿਤ ਕਰ ਦੇਵੇਗਾ । ਇਸ ਲਈ ਰਜਿਸਟਰਾਰ ਆਫ ਫਰਮਜ਼ ਅਤੇ ਸੋਸਾਇਟੀਜ਼, ਮੋਹਾਲੀ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਸਿੱਧੇ ਤੌਰ ਤੇ ਰਜਿਸਟਰਡ ਪੋਸਟ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 07-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਰਜੀਤ ਸਿੰਘ, ਸੁਪਰਡੰਟ ਹਾਜ਼ਰ ਹੋਇਆ। ਉਸ ਵਲੋਂ ਪੱਤਰ ਨੰ: ਸਪੈਸਲ 1 ਮਿਤੀ 07-01-2019 ਪੇਸ਼ ਕੀਤਾ ਗਿਆ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਉਕੱਤ ਪੱਤਰ ਮਿਤੀ 7-01-2020 ਰਾਹੀ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ, ਵਧੀਕ ਰਜਿਸਟਰਾਰ, ਮੋਹਾਲੀ ਵਲੋਂ ਸਪਲਾਈ ਕਰ ਦਿੱਤੀ ਗਈ ਹੈ। ਇਸ ਸਬੰਧ ਵਿਚ ਟੈਲੀਫੋਨ ਤੇ ਸ੍ਰੀ ਜਗਜੀਤ ਸਿੰਘ, ਡੀਲਿੰਗ ਸਹਾਇਕ ਨੇ ਦਸਿਆ ਕਿ ਬਿਨੈਕਾਰ ਨੂੰ ਮੰਗੀ ਗਈ ਸੂਚਨਾ ਸਪਲਾਈ ਕਰ ਦਿਤੀ ਗਈ ਹੈ। ਇਸ ਲਈ ਇਹ ਕੇਸ ਦਾਖਲ ਦਫਤਰ ਕਰ ਦਿਤਾ ਜਾਵੇ। ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ, ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਪੱਤਰ ਅਨੁਸਾਰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿਤੀ ਗਈ ਹੈ, ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ । ਇਸ ਲਈ ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ,** 07 **ਜਨਵਰੀ,** 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁੱਖਚੈਣ ਸਿੰਘ 9463518565
ਸੋਨਾਮ ਮੁੱਹਲਾ ਫਤਿਹਗੜ ਚੂੜਿਆ,
ਤਹਿਸੀਲ ਬਟਾਲਾ ਜਿਲਾ ਗੁਰਦਾਸਪੁਰ । -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਈ.ਓ. ਨਗਰ ਕਾਉਂਸਿਲ ਫਤਿਹਗੜ ਚੂੜਿਆ
ਜਿਲਾ ਗੁਰਦਾਸਪੁਰ।

ਪਹਿਲੀ ਅਪੀਲੀ ਅਥਾਰਟੀ
ਡਿਪਟੀ ਡਾਇਰੈਕਟਰ ਸਥਾਨਕ ਸਰਕਾਰ ਅ੍ਰੰਮਿਤਸਰ। -------ਉੱਤਰਦਾਤਾ

**ਅਪੀਲ ਕੇਸ ਨੰ: 3630 /2019**

**ਹਾਜ਼ਰ:-**

1) ਅਪੀਲਕਰਤਾ ਸ੍ਰੀ ਸੁੱਖਚੈਣ ਸਿੰਘ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਮੇਸ਼ ਕੁਮਾਰ ਇੰਸਪੈਕਟਰ (9814195196)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਬਿਨੈ ਪੱਤਰ ਮਿਤੀ 28-06-2019 / 03-07-2019, ਲੋਕ ਸੂਚਨਾ ਅਧਿਕਾਰੀ ,ਈ.ਓ. ਨਗਰ ਕਾਉਂਸਿਲ ਫਤਿਹਗੜ ਚੂੜਿਆ ਜਿਲਾ ਗੁਰਦਾਸਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਡੇਰਾ ਰੋਡ ਸਥਿਤ ਪਾਰਕ ਅੰਦਰ ਜੋ ਵੇਰਕਾ ਬੂਥ ਲਗਾਇਆ ਗਿਆ ਹੈ ਉਸ ਨਾਲ ਸਬੰਧਤ 08 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਮਿਤੀ 13-11-2019 ਨੂੰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ. ਮਿਤੀ 12-11-2019 ਰਾਹੀਂ ਸੂਚਿਤ ਕੀਤਾ ਗਿਆ ਕਿ ਉਸ ਨੂੰ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਅਤੇ ਨਗਰ ਕੌਸਿਲ ਵਲੋਂ ਗਲਤ ਨੋਟਿਸ ਭੇਜਿਆ ਗਿਆ ਹੈ ਅਤੇ ਨਾਲ ਹੀ ਬੇਨਤੀ ਕੀਤੀ ਗਈ ਕਿ ਅਗਲੀ ਮਿਤੀ ਦਿੱਤੀ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਨ੍ਹਾਂ ਵਲੋਂ ਈ.ਮੇਲ ਮਿਤੀ 13-11-2019 ਪ੍ਰਾਪਤ ਹੋਈ ਜਿਸ ਵਿਚ ਉਨ੍ਹਾਂ ਨੇ ਬੇਨਤੀ ਕੀਤੀ ਹੈ ਕਿ ਨਗਰ ਕਾਂਉਂਸਲ ਦੇ ਅਧਿਕਾਰੀ/ਕਰਮਚਾਰੀਆਂ ਦੀਆਂ ਡਿਊਟੀਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ਪੁਰਬ ਦੇ ਸਬੰਧ ਵਿਚ 01-11-2019 ਤੋਂ 20-11-2019 ਤੱਕ ਡੇਰਾ ਬਾਬਾ ਨਾਨਕ ਵਿਖੇ ਲਗੀਆਂ ਹਨ ਇਸ ਲਈ ਇਸ ਕੇਸ ਵਿਚ ਅਗਲੀ ਮਿਤੀ ਦੀ ਮੰਗ ਕੀਤੀ ਗਈ। ਅਪੀਲਕਰਤਾ ਵਲੋਂ ਕੀਤੀ ਗਈ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ, ਅਪੀਲਕਰਤਾ ਅਤੇ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਗਲੀ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-01-2020 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

3. ਅਪੀਲਕਰਤਾ ਪੇਸ਼ੀ ਤੇ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਜੋ ਸੂਚਨਾ ਦਿੱਤੀ ਗਈ ਹੈ ਉਹ ਸਹੀ ਨਹੀ ਹੈ, ਸਹੀ ਅਤੇ ਮੁਕੰਮਲ ਸੂਚਨਾ ਮੁਹੱਈਆ ਕਰਵਾਈ ਜਾਵੇ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਮੇਸ਼ ਕੁਮਾਰ ਇੰਨਸਪੈਕਟਰ ਹਾਜ਼ਰ ਹੋਇਆ, ਉਸ ਵਲੋਂ ਪੱਤਰ ਪਿੱਠ ਅੰਕਣ ਨੰ: 2, ਮਿਤੀ 03-01-2020 ਪੇਸ਼ ਕੀਤਾ ਗਿਆ ਜੋ ਅਪੀਲਕਰਤਾ ਨੂੰ ਸੰਬੋਧਤ ਹੈ ਅਤੇ ਕਮਿਸ਼ਨ ਨੂੰ ਕਾਪੀ ਕੀਤੀ ਗਈ ਹੈ, ਜਿਸ ਰਾਹੀਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਪੱਤਰ ਨੰ: 70 ਮਿਤੀ 02-08-2019

ਪਰਤੋ ਜੀ ------ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 3630 /2019**

(ਕਾਪੀ ਨੱਥੀ ਹੈ) ਰਾਹੀਂ ਮੁਹੱਈਆ ਕਰਵਾਈ ਜਾ ਚੁੱਕੀ ਹੈ। ਪੱਤਰ ਮਿਸਲ ਤੇ ਰੱਖ ਲਏ ਗਏ ਹਨ।

5. ਅਪੀਲਕਰਤਾ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਸਹੀ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ ਦੇ ਨੁਮਾਇੰਦੇ ਵਲੋਂ ਪੇਸ਼ ਕੀਤੇ ਗਏ ਉੱਕਤ ਪੱਤਰ ਅਤੇ ਭੇਜੀ ਗਈ ਸੂਚਨਾ ਨੂੰ ਘੋਖਣ ਤੇ ਪਾਇਆ ਗਿਆ ਕਿ ਅਪੀਲਕਰਤਾ ਨੂੰ ਅਜੇ ਤੱਕ ਸਹੀ ਸੂਚਨਾ ਨਹੀਂ ਭੇਜੀ ਗਈ, ਜਿਹੜਾ ਉੱਤਰ ਭੇਜਿਆ ਗਿਆ ਹੈ ਅਤੇ ਜ਼ੋ ਫਾਇਲ ਦਾ ਹਿੱਸਾ ਵੀ ਹੈ (ਪੱਤਰ ਨੰ: ਐਮ./ਸੀ/ਐਫ/45 ਆਰ.ਟੀ.ਆਈ./2019 ਮਿਤੀ 01-07-2019 ) ਇਹ ਪੱਤਰ ਸ੍ਰੀ ਸ਼ਸ਼ੀ ਡੋਗਰਾ ਪੁੱਤਰ ਸ਼ੇਰੀ ਲਾਲ ਡੋਗਰਾ ਨੂੰ ਸੰਬੋਧਤ ਹੈ, ਜਿਸ ਦਾ ਇਸ ਕੇਸ ਨਾਲ ਕੋਈ ਸਬੰਧ ਨਹੀਂ ਹੈ। ਇਸ ਤੋਂ ਇਲਾਵਾ ਜ਼ੋ ਉੱਤਰ ਹੁਣ ਪੱਤਰ ਮਿਤੀ 03-01-2020 ਰਾਹੀਂ ਦਿੱਤਾ ਗਿਆ ਹੈ ਉਸ ਨਾਲ ਨੱਥੀ ਪੱਤਰ ਮਿਤੀ 02-08-2019 ਰਾਹੀਂ ਬਿਲਕੁਲ ਗੱਲਤ ਉੱਤਰ ਦਿੱਤਾ ਗਿਆ ਹੈ ਕਿਉਂਜੋ ਅਪੀਲਕਰਤਾ ਵਲੋਂ ਅਰਜੀ /ਪੱਤਰ ਮਿਤੀ 03-07-2019 ਵਿਚ 1982-84 ਅਤੇ ਸਾਲ 2018-19 ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਹੈ। ਇਸ ਲਈ ਈ.ਓ. ਨਗਰ ਕਾਂਉਂਸਲ ਸ੍ਰੀ ਭੁਪਿੰਦਰ ਸਿੰਘ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਗਲਤ ਸੂਚਨਾ ਭੇਜਣ ਵਾਲੇ ਕਰਮਚਾਰੀ ਦੀ ਨਿਸ਼ਾਨਦੇਹੀ ਕਰਕੇ ਬਣਦੀ ਕਾਰਵਾਈ ਕੀਤੀ ਜਾਵੇ ਅਤੇ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਉਂਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 04-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 07 ਜਨਵਰੀ, 2020.